ਪੰਜਾਬ ਟਾਇਮਜ਼
Leading Punjabi daily newspaper

# ਖਾਲਸਾ ਕਾਲਜ ਵਿਖੇ ਤਿੰਨ ਰੋਜ਼ਾ ਅੰਤਰ ਕਾਲਜ ਕਬੱਡੀ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸੰਪੰਨ

ਪੰਜਾਬ ਟਾਇਮਜ਼ | ਖ਼ਬਰ



ਸ਼੍ਰੀ ਅਨੰਦਪੁਰ ਸਾਹਿਬ, 29 ਅਕਤੂਬਰ (ਦਵਿੰਦਰਪਾਲ ਸਿੰਘ, ਅੰਕੁਸ਼)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚਲ ਰਹੇ ਸ੍ਰੀ ਗੁਰੁ ਤੇਗ ਬਹਾਦੁਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ ਚਲ ਰਿਹਾ ਤਿੰਨ ਰੋਜ਼ਾ ਅੰਤਰ ਕਾਲਜ ਕਬੱਡੀ ਟੂਰਨਾਮੈਂਟ (ਪੁਰਸ਼) ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਗਿਆ। ਇਸ ਤਿੰਨ ਰੋਜ਼ਾ ਟੂਰਨਾਮੈਂਟ ਦੇ ਅੰਤਿਮ ਦਿਨ ਐਸਜੀਪੀਸੀ ਮੈਂਬਰ ਅਤੇ ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਉੱਥੇ ਹੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪਰਨਾਮ ਸਿੰਘ ਅਤੇ ਭਗਵੰਤ ਸਿੰਘ ਧੰਗੇੜ੍ਹਾ (ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ) ਵਿਸ਼ੇਸ਼ ਮਹਿਮਾਨਾਂ ਵੱਜੋਂ ਸ਼ਾਮਿਲ ਹੋਏ।ਇਸ ਮੌਕੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਵੱਖੋ-ਵੱਖ ਕਾਲਜਾਂ ਤੋਂ ਪਹੁੰਚੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਪੂਰੀ ਟੀਮ ਨੂੰ ਸਮਾਗਮ ਦਾ ਸ਼ਫਲਤਾਪੂਰਵਕ ਆਯੋਜਨ ਕਰਨ ਲਈ ਵਧਾਈ ਦਿੱਤੀ। ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਖੇਡ ਸਮਾਗਮ ਵਿੱਚ ਪਹੁੰਚੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ ਤੇ ਨਾਲ ਹੀ ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੁ ਤੇਗ ਬਹਾਦੁਰ ਖਾਲਸਾ ਕਾਲਜ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੁਆਰਾ ਆਯੋਜਿਤ ਕੀਤੀ ਚੈਂਪੀਅਨਸ਼ਿਪ ਨੂੰ ਸ਼ਫਤਾਪੂਰਵਕ ਕਰਵਾਉਣ ਲਈ ਕਾਲਜ ਦੇ ਸਾਰੇ ਸਟਾਫ ਨੇ ਇਸ ਸਮਾਗਮ ਵਿੱਚ ਆਪਣਾ ਯੋਗਦਾਨ ਪਾਇਆ ਜਿਸ ਕਰਕੇ ਇਹ ਖੇਡ ਸਮਾਗਮ ਪੂਰੇ ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਸਕਿਆ। ਉਨ੍ਹਾਂ ਜੇਤੂ ਟੀਮਾਂ ਨੂੰ ਵੀ ਵਧਾਈ ਦਿੱਤੀ।ਕਾਲਜ ਦੇ ਖੇਡ ਵਿਭਾਗ ਮੁਖੀ ਪ੍ਰੋ:ਅਸ਼ੋਕ ਕੁਮਾਰ ਅਤੇ ਕਬੱਡੀ ਕੋਚ ਗੁਰਦੇਵ ਸਿੰਘ ਨੇ ਇਸ ਸੰਬੰਧੀ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਏਸੀਪੀ, ਕਾਲਜ ਮਸਤੂਆਣਾ ਸਾਹਿਬ ਦੀ ਟੀਮ ਪਹਿਲੇ ਸਥਾਨ ਤੇ ਰਹੀ ਜਦ ਕਿ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਟੀਮ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਹਾਸਿਲ ਕੀਤਾ ਅਤੇ ਡੀਬੀਸੀ ਕਾਲਜ, ਧੂਰੀ ਦੀ ਟੀਮ ਤੀਜੇ ਸਥਾਨ ਤੇ ਰਹੀ।ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਨੂੰ ਇਨਾਮ ਵੱਜੋਂ 11 ਹਜ਼ਾਰ ਰੁਪਏ ਤੇ ਟਰਾਫੀ ਅਤੇ ਦੂਜੇ ਸਥਾਨ ਵਾਲੀ ਟੀਮ ਨੂੰ 5100 ਰੁਪਏ ਤੇ ਟਰਾਫੀ ਦਿੱਤੀ ਗਈ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪ੍ਰਿੰਸੀਪਲ ਸੁਰਜੀਤ ਕੌਰ (ਉਲੰਪੀਅਨ ਅਤੇ ਏਸ਼ੀਅਨ ਗੋਲਡ ਮੈਡਲਿਸਟ), ਸ.ਹਰਦੀਪ ਸਿੰਘ (ਇੰਟਰਨੈਸ਼ਨਲ ਵੇਟ ਲਿਫ਼ਟਰ), ਡਾ.ਓਂਕਾਰ ਸਿੰਘ (ਪ੍ਰਿੰਸੀਪਲ ਅਤੇ ਅਵਜ਼ਰਵਰ ਪੰਜਾਬੀ ਯੂਨੀਵਰਸਿਟੀ ਪਟਿਆਲਾ), ਡਾ.ਦਲਬੀਰ ਸਿੰਘ (ਡਿਪਟੀ ਡਾਇਰੈਕਟਰ ਸਪੋਰਟਸ,ਪੰਜਾਬੀ ਯੂਨੀਵਰਸਿਟੀ ਪਟਿਆਲਾ), ਡਾ.ਬਹਾਦੁਰ ਸਿੰਘ ਬਰਨਾਲਾ, ਡਾ.ਸੁੱਚਾ ਸਿੰਘ ਢੇਸੀ (ਰਿ: ਪ੍ਰਿੰਸੀਪਲ), ਅਜੈਬ ਸਿੰਘ ਗਰਚਾ (ਅਕਾਲ ਚੈਨਲ ਯੂਕੇ) ਤੋਂ ਇਲਾਵਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਖਾਲਸਾ ਕਾਲਜ ਵਿਖੇ ਤਿੰਨ ਰੋਜ਼ਾ ਅੰਤਰ ਕਾਲਜ ਕਬੱਡੀ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸੰਪੰਨ

## ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਨੇ ਪ੍ਰਾਪਤ ਕੀਤਾ ਦੂਜਾ ਸਥਾਨ

ਸ੍ਰੀ ਅਨੰਦਪੁਰ ਸਾਹਿਬ 29 ਅਕਤੂਬਰ (ਜੋਗਿੰਦਰ ਰਾਣਾ ) - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚਲ ਰਹੇ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ ਚਲ ਰਿਹਾ ਤਿੰਨ ਰੋਜ਼ਾ ਅੰਤਰ ਕਾਲਜ ਕਬੱਡੀ ਟੂਰਨਾਮੈਂਟ (ਪੁਰਸ਼) ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਗਿਆ। ਇਸ ਤਿੰਨ ਰੋਜ਼ਾ ਟੂਰਨਾਮੈਂਟ ਦੇ ਅੰਤਿਮ ਦਿਨ ਐਸਜੀਪੀਸੀ ਮੈਂਬਰ ਅਤੇ ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਉੱਥੇ ਹੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪਰਨਾਮ ਸਿੰਘ ਅਤੇ ਭਗਵੰਤ ਸਿੰਘ ਧੰਗੇੜ੍ਹਾ (ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ) ਵਿਸ਼ੇਸ਼ ਮਹਿਮਾਨਾਂ ਵੱਜੋਂ ਸ਼ਾਮਿਲ ਹੋਏ।ਇਸ ਮੌਕੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਵੱਖੋ-ਵੱਖ ਕਾਲਜਾਂ ਤੋਂ ਪਹੁੰਚੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਪੂਰੀ ਟੀਮ ਨੂੰ ਸਮਾਗਮ ਦਾ ਸ਼ਫਲਤਾਪੂਰਵਕ ਆਯੋਜਨ ਕਰਨ ਲਈ ਵਧਾਈ ਦਿੱਤੀ। ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਖੇਡ ਸਮਾਗਮ ਵਿੱਚ ਪਹੁੰਚੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ ਤੇ ਨਾਲ ਹੀ ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ






ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੁਆਰਾ ਆਯੋਜਿਤ ਕੀਤੀ ਚੈਂਪੀਅਨਸ਼ਿਪ ਨੂੰ ਸ਼ਫਤਾਪੂਰਵਕ ਕਰਵਾਉਣ ਲਈ ਕਾਲਜ ਦੇ ਸਾਰੇ ਸਟਾਫ ਨੇ ਇਸ ਸਮਾਗਮ ਵਿੱਚ ਆਪਣਾ ਯੋਗਦਾਨ ਪਾਇਆ ਜਿਸ ਕਰਕੇ ਇਹ ਖੇਡ ਸਮਾਗਮ ਪੂਰੇ ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਸਕਿਆ। ਉਨ੍ਹਾਂ ਜੇਤੂ ਟੀਮਾਂ ਨੂੰ ਵੀ ਵਧਾਈ ਦਿੱਤੀ।ਕਾਲਜ ਦੇ ਖੇਡ ਵਿਭਾਗ ਮੁਖੀ ਪ੍ਰੋ:ਅਸ਼ੋਕ ਕੁਮਾਰ ਅਤੇ ਕਬੱਡੀ ਕੋਚ ਗੁਰਦੇਵ ਸਿੰਘ ਨੇ ਇਸ ਸੰਬੰਧੀ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਏਸੀਪੀ, ਕਾਲਜ ਮਸਤੂਆਣਾ ਸਾਹਿਬ ਦੀ ਟੀਮ ਪਹਿਲੇ ਸਥਾਨ ਤੇ ਰਹੀ ਜਦ ਕਿ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਟੀਮ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਹਾਸਿਲ ਕੀਤਾ ਅਤੇ ਡੀਬੀਸੀ ਕਾਲਜ, ਧੂਰੀ ਦੀ ਟੀਮ ਤੀਜੇ ਸਥਾਨ ਤੇ ਰਹੀ।ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਟੀਮ ਨੂੰ ਇਨਾਮ ਵੱਜੋਂ 11 ਹਜ਼ਾਰ ਰੁਪਏ ਤੇ ਟਰਾਫੀ ਅਤੇ ਦੂਜੇ ਸਥਾਨ ਵਾਲੀ ਟੀਮ ਨੂੰ 5100 ਰੁਪਏ ਤੇ ਟਰਾਫੀ ਦਿੱਤੀ ਗਈ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪ੍ਰਿੰਸੀਪਲ ਸੁਰਜੀਤ ਕੌਰ (ਉਲੰਪੀਅਨ ਅਤੇ ਏਸ਼ੀਅਨ ਗੋਲਡ ਮੈਡਲਿਸਟ), ਸ.ਹਰਦੀਪ ਸਿੰਘ (ਇੰਟਰਨੈਸ਼ਨਲ ਵੇਟ ਲਿਫਟਰ), ਡਾ.ਓਂਕਾਰ ਸਿੰਘ (ਪ੍ਰਿੰਸੀਪਲ ਅਤੇ ਅਵਜ਼ਰਵਰ ਪੰਜਾਬੀ ਯੂਨੀਵਰਸਿਟੀ ਪਟਿਆਲਾ), ਡਾ.ਦਲਬੀਰ ਸਿੰਘ (ਡਿਪਟੀ ਡਾਇਰੈਕਟਰ ਸਪੋਰਟਸ,ਪੰਜਾਬੀ ਯੂਨੀਵਰਸਿਟੀ ਪਟਿਆਲਾ), ਡਾ.ਬਹਾਦੁਰ ਸਿੰਘ ਬਰਨਾਲਾ, ਡਾ.ਸੁੱਚਾ ਸਿੰਘ ਢੇਸੀ (ਰਿ: ਪ੍ਰਿੰਸੀਪਲ), ਅਜੈਬ ਸਿੰਘ ਗਰਚਾ (ਅਕਾਲ ਚੈਨਲ ਯੂਕੇ) ਤੋਂ ਇਲਾਵਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।